**16ਵੀਂ ਪੰਜਾਬ ਵਿਧਾਨ ਸਭਾ**

**ਤੇਰ੍ਹਵਾਂ ਸਮਾਗਮ, 2026**

**ਪੰਜਾਬ ਵਿਧਾਨ ਸਭਾ**

**ਬੁਲੇਟਿਨ ਨੰ: 6**

**ਸੋਮਵਾਰ, 10 ਅਗਸਤ, 2026**

**(11.00 ਵਜੇ ਪੂਰਵ ਦੁਪਹਿਰ ਤੋਂ 06.22 ਵਜੇ ਸ਼ਾਮ ਤੱਕ)**

1. **ਮਾਣਯੋਗ ਸਪੀਕਰ ਵੱਲੋਂ ਰੂਲਿੰਗਜ਼:**

**(ੳ)** ਵਿਰੋਧੀ ਧਿਰ ਦੇ ਨੇਤਾ, ਸਰਦਾਰ ਪ੍ਰਤਾਪ ਸਿੰਘ ਬਾਜਵਾ ਨੂੰ ਪ੍ਰਸ਼ਨ ਕਾਲ ਤੋਂ ਪਹਿਲਾਂ ਆਪਣਾ ਕੋਈ ਮੁੱਦਾ ਉਠਾਉਣ ਤੋਂ ਰੋਕਦੇ ਹੋਏ, ਮਾਣਯੋਗ ਸਪੀਕਰ ਨੇ ਸਦਨ ਵਿੱਚ ਕਿਹਾ ਕਿ ਪ੍ਰਸ਼ਨ ਕਾਲ ਦੀ sanctity ਬਣਾ ਕੇ ਰੱਖੀ ਜਾਵੇ ਤਾਂਕਿ ਪ੍ਰਸ਼ਨ ਕਾਲ ਦੀ ਕਾਰਵਾਈ ਨਿਰਵਿਘਨ ਚੱਲ ਸਕੇ।

**(ਅ)** ਸਰਦਾਰ ਸੁਖਪਾਲ ਸਿੰਘ ਖਹਿਰਾ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਦੇ ਮੈਂਬਰ ਵੱਲੋਂ 9 ਬਿਲ ਇੱਕੋ ਦਿਨ ਵਿੱਚ ਪੇਸ਼ ਹੋਣ ਅਤੇ ਬਹਿਸ ਲਈ ਸੂਚੀਬੱਧ ਹੋਣ ਕਾਰਨ ਤਿਆਰੀ ਲਈ ਇਨ੍ਹਾਂ ਬਿਲਾਂ ਦੀ ਕਾਪੀ ਅਡਵਾਂਸ ਵਿੱਚ ਉਪਲਬਧ ਨਾ ਕਰਾਉਣ ਬਾਰੇ ਮਾਮਲਾ ਮਾਣਯੋਗ ਸਪੀਕਰ ਸਾਹਿਬ ਦੇ ਧਿਆਨ ਵਿੱਚ ਲਿਆਉਣ ਤੇ, ਮਾਣਯੋਗ ਸਪੀਕਰ ਨੇ ਸੰਸਦੀ ਮਾਮਲੇ ਮੰਤਰੀ ਜੀ ਤੋਂ ਉਮੀਦ ਕੀਤੀ ਕਿ ਉਹ ਸਬੰਧਤ ਵਿਭਾਗਾਂ ਨੂੰ ਹਦਾਇਤ ਜਾਰੀ ਕਰਨਗੇ ਕਿ ਸਬੰਧਤ ਵਿਭਾਗ ਇਹ ਯਕੀਨੀ ਬਣਾਉਣਗੇ ਕਿ ਅੱਗੇ ਤੋਂ ਬਿਲ ਪੇਸ਼ ਕਰਨ ਸਬੰਧੀ ਨਿਯਮਾਂ ਅਨੁਸਾਰ ਨੋਟਿਸ 15 ਦਿਨ ਪਹਿਲਾਂ ਸਕੱਤਰ, ਵਿਧਾਨ ਸਭਾ ਨੂੰ ਭੇਜਿਆ ਜਾਵੇ ਤਾਂ ਕਿ ਬਿਲ ਮਾਣਯੋਗ ਵਿਧਾਇਕਾਂ ਨੂੰ ਸਮੇਂ ਸਿਰ ਸਰਕੁਲੇਟ ਕੀਤੇ ਜਾ ਸਕਣ।

2. **ਪ੍ਰਸ਼ਨ**

**(ੳ) ਨਿਸ਼ਾਨ ਵਾਲੇ ਪ੍ਰਸ਼ਨ :**

| ਕ੍ਰਮ ਪੱਤਰ ਤੇ ਕੁੱਲ ਪ੍ਰਸ਼ਨ | ਉੱਤਰ ਦਿੱਤੇ ਗਏ | ਪੁੱਛੇ ਨਾ ਗਏ | ਮੁਲਤਵੀ ਕੀਤੇ ਗਏ | ਨਿਯਮ 38 ਅਧੀਨ ਉੱਤਰ ਦਿੱਤੇ ਗਏ | ਅਨੁਪੂਰਕਾਂ ਦੀ ਗਿਣ |
|---|---|---|---|---|---|
| 16 | 14 | 2 | - | - | 17 |

**(ਅ) ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ : 5**

3. **ਧਿਆਨ ਦਿਵਾਊ ਨੋਟਿਸ**

1. ਰਾਣਾ ਇੰਦਰ ਪ੍ਰਤਾਪ ਸਿੰਘ, ਐਮ.ਐਲ.ਏ ਅਤੇ ਸ੍ਰੀ ਰਜਨੀਸ਼ ਕੁਮਾਰ ਦਹੀਯਾ, ਐਮ.ਐਲ.ਏ ਵੱਲੋਂ ਸਰਕਾਰ ਦਾ ਧਿਆਨ ਬਿਆਸ ਅਤੇ ਸਤਲੁਜ ਦਰਿਆ ਦੇ ਬੰਨ੍ਹਾਂ ਅਤੇ ਸਟੱਡਾਂ ਨੂੰ ਮਜ਼ਬੂਤ ਕਰਨ ਦੀ ਤੁਰੰਤ ਲੋੜ ਵੱਲ ਦਿਵਾਇਆ ਗਿਆ।

(ਨੰ:48 ਅਤੇ 51)

ਜਲ ਸਰੋਤ ਮੰਤਰੀ ਵੱਲੋਂ ਜਵਾਬ ਦਿੱਤਾ ਗਿਆ।

2. ਸਰਦਾਰ ਮਨਜੀਤ ਸਿੰਘ ਬਿਲਾਸਪੁਰ, ਐਮ.ਐਲ.ਏ ਵੱਲੋਂ ਸਰਕਾਰ ਦਾ ਧਿਆਨ ਨਿਹਾਲ ਸਿੰਘ ਵਾਲਾ ਵਿਧਾਨ ਸਭਾ ਹਲਕੇ ਵਿੱਚ ਪੈਂਦੇ ਪਿੰਡਾਂ ਦੀਆਂ ਸੜਕਾਂ ਅਤੇ ਫਿਰਨੀਆਂ ਦੀ ਮਾੜੀ ਹਾਲਤ ਵੱਲ ਦਿਵਾਇਆ।

(ਨੰ:50)

ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਵੱਲੋਂ ਜਵਾਬ ਦਿੱਤਾ ਗਿਆ।

3. ਸਰਦਾਰ ਗੁਰਦਿੱਤ ਸਿੰਘ ਸੇਖੋਂ, ਐਮ.ਐਲ.ਏ ਵੱਲੋਂ ਸਰਕਾਰ ਦਾ ਧਿਆਨ ਪੀ.ਏ.ਡੀ.ਬੀ ਦੁਆਰਾ ਛੋਟੇ/ਦਰਮਿਆਨੇ ਕਿਸਾਨਾਂ ਨੂੰ ਰਾਹਤ ਦੇਣ ਲਈ ਵਨ-ਟਾਈਮ ਸੈਟਲਮੈਂਟ ਸਕੀਮ (OTS) ਲਿਆਉਣ ਦੀ ਤੁਰੰਤ ਲੋੜ ਵੱਲ ਦਿਵਾਇਆ।

(ਨੰ:56)

ਵਿੱਤ ਮੰਤਰੀ ਵੱਲੋਂ ਜਵਾਬ ਦਿੱਤਾ ਗਿਆ।

**4. <u>ਨਿਯਮ 16 ਅਧੀਨ ਪ੍ਰਸਤਾਵ</u>**

ਸੰਸਦੀ ਮਾਮਲੇ ਮੰਤਰੀ ਦੁਆਰਾ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ-

"ਕਿ ਵਿਧਾਨ ਸਭਾ ਅੱਜ ਇਸ ਦੇ ਉੱਠ ਜਾਣ ਤੇ ਅਣਮਿੱਥੇ ਸਮੇਂ ਲਈ ਸਥੱਗਿਤ ਹੋ ਜਾਵੇਗੀ।

ਪ੍ਰਸਤਾਵ ਤੇ ਹੋਈ ਬਹਿਸ ਵਿੱਚ ਸਰਦਾਰ ਸੁਖਪਾਲ ਸਿੰਘ ਖਹਿਰਾ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਦੇ ਮੈਂਬਰ 02 ਮਿੰਟ ਲਈ ਬੋਲੇ।

**5. <u>ਧੰਨਵਾਦ ਮਤਾ</u>**

ਡਾ. ਅਮਨਦੀਪ ਕੌਰ ਅਰੋੜਾ, ਐਮ.ਐਲ.ਏ ਵੱਲੋਂ ਨਿਮਨਲਿਖਤ ਧੰਨਵਾਦ ਦਾ ਮਤਾ ਸਦਨ ਵਿੱਚ ਪੇਸ਼ ਕੀਤਾ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ:

"ਕਿ ਇਹ ਸਦਨ ਪੰਜਾਬ ਦੀਆਂ ਮਹਿਲਾਵਾਂ ਦੇ ਸਸ਼ਕਤੀਕਰਨ, ਸਨਮਾਨ, ਸੁਰੱਖਿਆ, ਆਵਾਜਾਈ ਦੀ ਸਹੂਲਤ ਅਤੇ ਆਰਥਿਕ ਆਤਮਨਿਰਭਰਤਾ ਲਈ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਮਾਣਯੋਗ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਜੀ ਅਤੇ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਵੱਲੋਂ ਚੁੱਕੇ ਗਏ ਬੇਮਿਸਾਲ ਕਦਮਾਂ ਲਈ ਧੰਨਵਾਦ ਕਰਦਾ ਹੈ।"

ਮਤਾ ਪੇਸ਼ ਕਰਦੇ ਹੋਏ ਡਾ. ਅਮਨਦੀਪ ਕੌਰ ਅਰੋੜਾ, ਐਮ.ਐਲ.ਏ 14 ਮਿੰਟਾਂ ਲਈ ਬੋਲੇ।

ਨਿਮਨਲਿਖਤ ਮੈਂਬਰਾਂ ਨੇ ਉਪਰੋਕਤ ਧੰਨਵਾਦ ਮਤੇ ਤੇ ਹੋਈ ਬਹਿਸ ਵਿੱਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸ੍ਰੀ ਸੁਖਵਿੰਦਰ ਸਿੰਘ ਕੋਟਲੀ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ | 04 ਮਿੰਟ |
| 2. | ਸ੍ਰੀ ਅਮਨਸ਼ੇਰ ਸਿੰਘ (ਸ਼ੈਰੀ ਕਲਸੀ), ਆਮ ਆਦਮੀ ਪਾਰਟੀ | 01 ਮਿੰਟ |
| 3. | ਸਰਦਾਰ ਤਰੁਨਪ੍ਰੀਤ ਸਿੰਘ ਸੌਂਦ, ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਮੰਤਰੀ | 06 ਮਿੰਟ |
| 4. | ਸ੍ਰੀ ਅਮਨ ਅਰੋੜਾ, ਨਵ ਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ | 03 ਮਿੰਟ |
| 5. | ਡਾਕਟਰ ਬਲਜੀਤ ਕੌਰ, ਮਹਿਲਾ ਤੇ ਬਾਲ ਵਿਕਾਸ ਮੰਤਰੀ | 09 ਮਿੰਟ |
| 6. | ਸ੍ਰੀਮਤੀ ਇੰਦਰਜੀਤ ਕੌਰ ਮਾਨ, ਆਮ ਆਦਮੀ ਪਾਰਟੀ | 08 ਮਿੰਟ |
| 7. | ਸ੍ਰੀਮਤੀ ਜੀਵਨਜੋਤ ਕੌਰ, ਆਮ ਆਦਮੀ ਪਾਰਟੀ | 07 ਮਿੰਟ |
| 8. | ਸ੍ਰੀਮਤੀ ਨਰਿੰਦਰ ਕੌਰ ਭਰਾਜ, ਆਮ ਆਦਮੀ ਪਾਰਟੀ | 08 ਮਿੰਟ |
| 9. | ਸ੍ਰੀਮਤੀ ਅਰੁਨਾ ਚੌਧਰੀ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ | 05 ਮਿੰਟ |
| 10. | ਸ੍ਰੀਮਤੀ ਸਰਵਜੀਤ ਕੌਰ ਮਾਣੂੰਕੇ, ਆਮ ਆਦਮੀ ਪਾਰਟੀ | 10 ਮਿੰਟ |

**6. ਵਿਧਾਨਕ ਕੰਮ-ਕਾਰ**

1) **ਪੰਜਾਬ ਕਾਮਨ ਇਨਫਰਾਸਟ੍ਰਕਚਰ (ਰੈਗੂਲੇਸ਼ਨ ਐਂਡ ਮੇਨਟੇਨੈਂਸ) ਸੋਧ ਬਿਲ, 2026**

ਉਦਯੋਗ ਤੇ ਵਣਜ ਅਤੇ ਨਿਵੇਸ਼ ਪ੍ਰੋਤਸਾਹਨ ਮੰਤਰੀ ਨੇ "ਪੰਜਾਬ ਕਾਮਨ ਇਨਫਰਾਸਟ੍ਰਕਚਰ (ਰੈਗੂਲੇਸ਼ਨ ਐਂਡ ਮੇਨਟੇਨੈਂਸ) ਸੋਧ ਬਿਲ, 2026" ਮਿਤੀ 03 ਅਗਸਤ, 2026 ਨੂੰ ਪੇਸ਼ ਕੀਤੇ ਅਤੇ ਇਹ ਬਿਲ ਸਬੰਧੀ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 18 ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਉਦਯੋਗ ਤੇ ਵਣਜ ਅਤੇ ਨਿਵੇਸ਼ ਪ੍ਰੋਤਸਾਹਨ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਕਿ "ਪੰਜਾਬ ਕਾਮਨ ਇਨਫਰਾਸਟ੍ਰਕਚਰ (ਰੈਗੂਲੇਸ਼ਨ ਐਂਡ ਮੇਨਟੇਨੈਂਸ) ਸੋਧ ਬਿਲ, 2026 ਪਾਸ ਕੀਤਾ ਜਾਵੇ", ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਹੋਈ ਬਹਿਸ ਵਿੱਚ ਹਿੱਸਾ ਲੈਂਦੇ ਹੋਏ ਸਰਦਾਰ ਮਨਪ੍ਰੀਤ ਸਿੰਘ ਇਆਲੀ , ਸ਼੍ਰੋਮਣੀ ਅਕਾਲੀ ਦਲ ਦੇ ਨੇਤਾ 01 ਮਿੰਟ ਲਈ ਬੋਲੇ ਅਤੇ ਸ਼੍ਰੀ ਅਮਨ ਅਰੋੜਾ, ਉਦਯੋਗ ਤੇ ਵਣਜ ਅਤੇ ਨਿਵੇਸ਼ ਪ੍ਰੋਤਸਾਹਨ ਮੰਤਰੀ ਇਸ ਬਿਲ ਦੇ ਸਬੰਧ ਵਿੱਚ 02 ਮਿੰਟਾਂ ਲਈ ਬੋਲੇ।

2) **ਦਿ ਪੰਜਾਬ ਰੈਗੂਲੇਸ਼ਨ ਆਫ਼ ਫੀਸ ਆਫ਼ ਅਨ-ਏਡਿਡ ਐਜੂਕੇਸ਼ਨਲ ਇੰਸਟੀਚਿਊਸ਼ਨਜ਼ (ਸੋਧ) ਬਿਲ, 2026 ( ਆਰਡੀਨੈਂਸ ਦੀ ਥਾਂ ਤੇ)**

ਉਚੇਰੀ ਸਿੱਖਿਆ ਮੰਤਰੀ ਨੇ "ਦਿ ਪੰਜਾਬ ਰੈਗੂਲੇਸ਼ਨ ਆਫ਼ ਫੀਸ ਆਫ਼ ਅਨ-ਏਡਿਡ ਐਜੂਕੇਸ਼ਨਲ ਇੰਸਟੀਚਿਊਸ਼ਨਜ਼ (ਸੋਧ) ਬਿਲ, 2026" " ਮਿਤੀ 07 ਅਗਸਤ, 2026 ਨੂੰ ਪੇਸ਼ ਕੀਤੇ ਅਤੇ ਇਹ ਬਿਲ ਸਬੰਧੀ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ 2 ਤੋਂ 10 ਇੱਕਠੀਆਂ , ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਏ।

ਉਚੇਰੀ ਸਿੱਖਿਆ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਕਿ "ਦਿ ਪੰਜਾਬ ਰੈਗੂਲੇਸ਼ਨ ਆਫ਼ ਫੀਸ ਆਫ਼ ਅਨ-ਏਡਿਡ ਐਜੂਕੇਸ਼ਨਲ ਇੰਸਟੀਚਿਊਸ਼ਨਜ਼ (ਸੋਧ) ਬਿਲ, 2026 ਪਾਸ ਕੀਤਾ ਜਾਵੇ", ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰਾਂ ਨੇ ਉਪਰੋਕਤ ਬਿਲ ਤੇ ਹੋਈ ਬਹਿਸ ਵਿੱਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

1. ਸਰਦਾਰ ਪਰਗਟ ਸਿੰਘ ਪੋਆਰ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ 07 ਮਿੰਟ
2. ਸ਼੍ਰੀ ਅਵਤਾਰ ਸਿੰਘ ਜੂਨੀਅਰ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ 07 ਮਿੰਟ

ਸਰਦਾਰ ਹਰਜੋਤ ਸਿੰਘ ਬੈਂਸ, ਸਿੱਖਿਆ ਮੰਤਰੀ ਬਿਲ ਪੇਸ਼ ਕਰਦੇ ਹੋਏ 09 ਮਿੰਟ ਲਈ ਅਤੇ ਬਿਲ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ ਮਾਣਯੋਗ ਮੁੱਖ ਮੰਤਰੀ 14 ਮਿੰਟਾਂ ਲਈ ਬੋਲੇ।

3) **ਕਲਾਊਡ ਯੂਨੀਵਰਸਿਟੀ, ਹੁਸ਼ਿਆਰਪੁਰ ਬਿਲ, 2026**

ਉਚੇਰੀ ਸਿੱਖਿਆ ਮੰਤਰੀ ਨੇ "ਕਲਾਊਡ ਯੂਨੀਵਰਸਿਟੀ, ਹੁਸ਼ਿਆਰਪੁਰ ਬਿਲ, 2026" ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰਾਂ ਨੇ ਉਪਰੋਕਤ ਬਿਲ ਤੇ ਹੋਈ ਬਹਿਸ ਵਿੱਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

1. ਸਰਦਾਰ ਪਰਗਟ ਸਿੰਘ ਪੋਆਰ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ 06 ਮਿੰਟ
2. ਸਰਦਾਰ ਕੁਲਦੀਪ ਸਿੰਘ ਕਾਲਾ ਢਿੱਲੋਂ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ 02 ਮਿੰਟ
3. ਸ੍ਰੀ ਅਵਤਾਰ ਸਿੰਘ ਜੂਨੀਅਰ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ 07 ਮਿੰਟ

ਸਰਦਾਰ ਹਰਜੋਤ ਸਿੰਘ ਬੈਂਸ, ਸਿੱਖਿਆ ਮੰਤਰੀ ਬਿਲ ਪੇਸ਼ ਕਰਦੇ ਹੋਏ 10 ਮਿੰਟ ਲਈ ਅਤੇ ਬਿਲ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ 05 ਮਿੰਟਾਂ ਲਈ ਬੋਲੇ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 40 ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਉਚੇਰੀ ਸਿੱਖਿਆ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਕਿ "ਕਲਾਊਡ ਯੂਨੀਵਰਸਿਟੀ, ਹੁਸ਼ਿਆਰਪੁਰ ਬਿਲ, 2026 ਪਾਸ ਕੀਤਾ ਜਾਵੇ", ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

4) **ਐਮ .ਐਸ. ਡਿਜੀਟਲ ਯੂਨੀਵਰਸਿਟੀ, ਪਟਿਆਲਾ ਬਿਲ, 2026**

ਉਚੇਰੀ ਸਿੱਖਿਆ ਮੰਤਰੀ ਨੇ "ਐਮ. ਐਸ. ਡਿਜੀਟਲ ਯੂਨੀਵਰਸਿਟੀ, ਪਟਿਆਲਾ ਬਿਲ, 2026" ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ 2, ਕਲਾਜ਼ਾਂ 2 ਤੋਂ 40 ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਉਚੇਰੀ ਸਿੱਖਿਆ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਕਿ "ਐਮ. ਐਸ. ਡਿਜੀਟਲ ਯੂਨੀਵਰਸਿਟੀ, ਪਟਿਆਲਾ ਬਿਲ, 2026 ਪਾਸ ਕੀਤਾ ਜਾਵੇ", ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

5) **ਫਿਜ਼ਿਕਸਵਾਲਾ ਡਿਜੀਟਲ ਯੂਨੀਵਰਸਿਟੀ, ਪਟਿਆਲਾ ਬਿਲ, 2026**

ਉਚੇਰੀ ਸਿੱਖਿਆ ਮੰਤਰੀ ਨੇ "ਫਿਜ਼ਿਕਸਵਾਲਾ ਡਿਜੀਟਲ ਯੂਨੀਵਰਸਿਟੀ, ਪਟਿਆਲਾ ਬਿਲ, 2026" ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 40 ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਉਚੇਰੀ ਸਿੱਖਿਆ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਕਿ "ਫਿਜ਼ਿਕਸਵਾਲਾ ਡਿਜੀਟਲ ਯੂਨੀਵਰਸਿਟੀ, ਪਟਿਆਲਾ ਬਿਲ, 2026 ਪਾਸ ਕੀਤਾ ਜਾਵੇ", ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

6) **ਪੰਜਾਬ ਗੁਡਜ਼ ਐਂਡ ਸਰਵਿਸਜ਼ ਟੈਕਸ (ਸੋਧ) ਬਿਲ, 2026**

ਵਿੱਤ ਮੰਤਰੀ ਨੇ ਪੰਜਾਬ ਗੁਡਜ਼ ਐਂਡ ਸਰਵਿਸਜ਼ ਟੈਕਸ (ਸੋਧ) ਬਿਲ, 2026 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ 2, ਕਲਾਜ਼ਾਂ 2 ਤੋਂ 4 ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਵਿੱਤ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਕਿ "ਪੰਜਾਬ ਗੁਡਜ਼ ਐਂਡ ਸਰਵਿਸਜ਼ ਟੈਕਸ (ਸੋਧ)ਬਿਲ, 2026" ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

7) **ਪੰਜਾਬ ਰਾਜ ਆਊਟਸੋਰਸਡ ਪਰਸੋਨਲ (Transition to Contractual Engagement) ਬਿਲ 2026**

ਵਿੱਤ ਮੰਤਰੀ ਨੇ ਪੰਜਾਬ ਰਾਜ ਆਊਟਸੋਰਸਡ ਪਰਸੋਨਲ (Transition to Contractual Engagement) ਬਿਲ, 2026 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰਾਂ ਨੇ ਉਪਰੋਕਤ ਬਿਲ ਤੇ ਹੋਈ ਬਹਿਸ ਵਿੱਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸਰਦਾਰ ਹਰਪਾਲ ਸਿੰਘ ਚੀਮਾ, ਵਿੱਤ ਮੰਤਰੀ | 06 ਮਿੰਟ |
| 2. | ਸਰਦਾਰ ਮਨਪ੍ਰੀਤ ਸਿੰਘ ਇਆਲੀ, ਸ਼੍ਰੋਮਣੀ ਅਕਾਲੀ ਦਲ | 01 ਮਿੰਟ |
| 3. | ਡਾ. ਸੁਖਵਿੰਦਰ ਕੁਮਾਰ ਸੁੱਖੀ, ਸ਼੍ਰੋਮਣੀ ਅਕਾਲੀ ਦਲ | 01 ਮਿੰਟ |
| 4. | ਸਰਦਾਰ ਤ੍ਰਿਪਤ ਰਜਿੰਦਰ ਸਿੰਘ ਬਾਜਵਾ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ | 01 ਮਿੰਟ |

5. ਸਰਦਾਰ ਕੁਲਦੀਪ ਸਿੰਘ ਕਾਲਾ ਢਿੱਲੋਂ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ 01 ਮਿੰਟ

ਬਿਲ ਪੇਸ਼ ਕਰਦੇ ਹੋਏ ਮਾਣਯੋਗ ਵਿੱਤ ਮੰਤਰੀ 06 ਮਿੰਟਾਂ ਲਈ ਬੋਲੇ ਅਤੇ ਬਿਲ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ ਮਾਣਯੋਗ ਮੁੱਖ ਮੰਤਰੀ 08 ਮਿੰਟਾਂ ਲਈ ਬੋਲੇ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2) ਅਤੇ (3), ਕਲਾਜ਼ਾਂ 2 ਤੋਂ 22 ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) (ਸੋਧੇ ਅਨੁਸਾਰ) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਏ।

ਵਿੱਤ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਕਿ "ਪੰਜਾਬ ਰਾਜ ਆਊਟਸੋਰਸਡ ਪਰਸੋਨਲ (Transition to Contractual Engagement) ਬਿਲ, 2026 ਪਾਸ ਕੀਤਾ ਜਾਵੇ", ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

8) **ਪੰਜਾਬ ਪੰਚਾਇਤੀ ਰਾਜ (ਸੋਧ) ਬਿਲ, 2026**

ਦਿਹਾਤੀ ਵਿਕਾਸ ਤੇ ਪੰਚਾਇਤਾਂ ਮੰਤਰੀ ਨੇ ਪੰਜਾਬ ਪੰਚਾਇਤੀ ਰਾਜ (ਸੋਧਨਾ) ਬਿਲ, 2026 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰਾਂ ਨੇ ਉਪਰੋਕਤ ਬਿਲ ਤੇ ਹੋਈ ਬਹਿਸ ਵਿੱਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

1. ਸਰਦਾਰ ਪਰਗਟ ਸਿੰਘ ਪੋਆਰ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ 04 ਮਿੰਟ
2. ਸ਼੍ਰੀ ਸੁਖਵਿੰਦਰ ਸਿੰਘ ਕੋਟਲੀ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ 04 ਮਿੰਟ
3. ਸਰਦਾਰ ਮਨਪ੍ਰੀਤ ਸਿੰਘ ਇਆਲੀ, ਸ਼੍ਰੋਮਣੀ ਅਕਾਲੀ ਦਲ 01 ਮਿੰਟ

ਬਿਲ ਪੇਸ਼ ਕਰਦੇ ਹੋਏ ਸਰਦਾਰ ਤਰੁਨਪ੍ਰੀਤ ਸਿੰਘ ਸੌਂਦ, ਦਿਹਾਤੀ ਵਿਕਾਸ ਤੇ ਪੰਚਾਇਤਾਂ ਮੰਤਰੀ 06 ਮਿੰਟਾਂ ਲਈ ਅਤੇ ਬਿਲ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ 01 ਮਿੰਟ ਲਈ ਬੋਲੇ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 9 ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਦਿਹਾਤੀ ਵਿਕਾਸ ਤੇ ਪੰਚਾਇਤਾਂ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਕਿ "ਪੰਜਾਬ ਪੰਚਾਇਤੀ ਰਾਜ (ਸੋਧ) ਬਿਲ, 2026 ਪਾਸ ਕੀਤਾ ਜਾਵੇ", ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

9) **ਦਿ ਪੰਜਾਬ ਪ੍ਰੋਟੈਕਸ਼ਨ ਆਫ਼ ਟ੍ਰੀਜ਼ ਬਿਲ, 2026**

ਜੰਗਲਾਤ, ਜੰਗਲੀ ਜੀਵ ਸੁਰੱਖਿਆ ਮੰਤਰੀ ਨੇ ਦਿ ਪੰਜਾਬ ਪ੍ਰੋਟੈਕਸ਼ਨ ਆਫ਼ ਟ੍ਰੀਜ਼ ਬਿਲ, 2026 (ਸੋਧਿਆ ਹੋਇਆ) ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰਾਂ ਨੇ ਉਪਰੋਕਤ ਬਿਲ ਤੇ ਹੋਈ ਬਹਿਸ ਵਿੱਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸਰਦਾਰ ਮਨਪ੍ਰੀਤ ਸਿੰਘ ਇਆਲੀ, ਸ਼੍ਰੋਮਣੀ ਅਕਾਲੀ ਦਲ | 03 ਮਿੰਟ |
| 2. | ਸਰਦਾਰ ਸੁਖਪਾਲ ਸਿੰਘ ਖਹਿਰਾ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ | 06 ਮਿੰਟ |
| 3. | ਸਰਦਾਰ ਕੁਲਦੀਪ ਸਿੰਘ ਧਾਲੀਵਾਲ, ਆਮ ਆਦਮੀ ਪਾਰਟੀ | 02 ਮਿੰਟ |
| 4. | ਸ੍ਰੀ ਗੁਰਲਾਲ ਘਨੌਰ, ਆਮ ਆਦਮੀ ਪਾਰਟੀ | 01 ਮਿੰਟ |
| 5. | ਸਰਦਾਰ ਪਰਗਟ ਸਿੰਘ ਪੋਆਰ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ | 02 ਮਿੰਟ |
| 6. | ਸ੍ਰੀਮਤੀ ਇੰਦਰਜੀਤ ਕੌਰ ਮਾਨ, ਆਮ ਆਦਮੀ ਪਾਰਟੀ | 02 ਮਿੰਟ |

ਬਿਲ ਪੇਸ਼ ਕਰਦੇ ਹੋਏ ਸ੍ਰੀ ਲਾਲ ਚੰਦ, ਜੰਗਲਾਤ, ਜੰਗਲੀ ਜੀਵ ਸੁਰੱਖਿਆ ਮੰਤਰੀ 01 ਮਿੰਟ ਲਈ ਬੋਲੇ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ ਬੀ ਅਤੇ ਸੀ, ਕਲਾਜ਼ਾਂ 02 ਤੋਂ 05 ਇਕੱਠੀਆਂ, ਕਲਾਜ਼ 6 ਦੀ ਸਬ-ਕਲਾਜ਼ (ਏ) (ਸੋਧਨਾ ਸਮੇਤ) ਅਧੀਨ ਸ਼ਬਦ ("1.85 ਮੀਟਰ" ਦੀ ਜਗ੍ਹਾ "1.35 ਮੀਟਰ ਪੜ੍ਹਿਆ ਜਾਵੇ ), ਕਲਾਜ਼ਾਂ 7 ਤੋਂ 18 ਇਕੱਠੀਆਂ ਅਤੇ ਸ਼ਡਿਊਲ 1 ਤੋਂ 3 ਅਤੇ ਫਾਰਮ ਏ, ਕਲਾਜ਼ 1 ਦੀ ਸਬ ਕਲਾਜ਼ (ਏ), ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਜੰਗਲਾਤ, ਜੰਗਲੀ ਜੀਵ ਸੁਰੱਖਿਆ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਕਿ "ਦੀ ਪੰਜਾਬ ਪ੍ਰੋਟੈਕਸ਼ਨ ਆਫ਼ ਟ੍ਰੀਜ਼ ਬਿਲ, 2026 (ਸੋਧਿਆ ਹੋਇਆ) " ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

## 7. ਮਾਣਯੋਗ ਡਿਪਟੀ ਸਪੀਕਰ ਵੱਲੋਂ ਮੁੱਖ ਮੰਤਰੀ ਜੀ ਦਾ ਧੰਨਵਾਦ

ਮਾਣਯੋਗ ਡਿਪਟੀ ਸਪੀਕਰ ਜੀ ਨੇ ਸਦਨ ਨੂੰ ਦੱਸਿਆ ਕਿ ਉਨ੍ਹਾਂ ਨੂੰ ਗੜ੍ਹਸ਼ੰਕਰ ਦੇ ਸਫ਼ਾਈ ਸੇਵਕ ਮਿਲੇ ਤੇ ਉਨ੍ਹਾਂ ਨੇ ਡਿਪਟੀ ਸਪੀਕਰ ਸਾਹਿਬ ਨੂੰ ਦੱਸਿਆ ਪਿਛਲੀ ਵਿਧਾਨ ਸਭਾ ਸਮੇਂ ਉਨ੍ਹਾਂ ਦੀ ਤਨਖਾਹ 2400/- ਰਪਏ ਸੀ ਅਤੇ ਅੱਜ ਮਾਣਯੋਗ ਮੁੱਖ ਮੰਤਰੀ ਜੀ ਦੀ ਸਰਕਾਰ ਵੇਲੇ ਉਨ੍ਹਾਂ ਦੀ ਤਨਖਾਹ 20,500/- ਰੁਪਏ ਹੋ ਗਈ ਹੈ। ਇਸ ਸਬੰਧੀ ਮਾਣਯੋਗ ਡਿਪਟੀ ਸਪੀਕਰ ਨੇ ਮਾਣਯੋਗ ਮੁੱਖ ਮੰਤਰੀ ਜੀ ਦਾ ਧੰਨਵਾਦ ਕੀਤਾ।

## 8. ਮਾਣਯੋਗ ਮੁੱਖ ਮੰਤਰੀ ਜੀ ਲਈ ਧੰਨਵਾਦ ਮਤਾ

ਸਰਦਾਰ ਦਵਿੰਦਰਜੀਤ ਸਿੰਘ ਲਾਡੀ ਢੋਸ, ਐਮ.ਐਲ.ਏ ਵੱਲੋਂ ਨਿਮਨਲਿਖਤ ਧੰਨਵਾਦ ਦਾ ਮਤਾ ਸਦਨ ਵਿੱਚ ਪੇਸ਼ ਕੀਤਾ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ:

> "ਕਿ ਇਹ ਸਦਨ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਜੀ ਮਾਨ ਅਤੇ ਪੰਜਾਬ ਸਰਕਾਰ ਦਾ ਤਹਿ ਦਿਲੋਂ ਧੰਨਵਾਦ ਕਰਦਾ ਹੈ ਕਿ ਪੰਜਾਬ ਦੇ ਕਿਸਾਨ ਨਹਿਰੀ ਪਾਣੀ ਦੀ ਜੋ ਮੰਗ ਦਹਾਕਿਆਂ ਤੋਂ ਕਰਦੇ ਆ ਰਹੇ ਸਨ, ਉਹ ਕਿਸਾਨਾਂ ਦੀ ਮੰਗ ਪੂਰੀ ਕਰਕੇ ਇੱਕ ਇਤਿਹਾਸਕ

ਕਾਰਨਾਮਾ ਕਰਕੇ ਵਿਖਾਇਆ ਹੈ ਅਤੇ ਪੰਜਾਬ ਦੇ ਨਹਿਰੀ ਸਿੰਚਾਈ ਸਿਸਟਮ ਨੂੰ ਪੁਨਰ ਸੁਰਜੀਤ ਕਰਕੇ ਨਹਿਰਾਂ ਦਾ ਪਾਣੀ ਟੇਲਾਂ ਤੱਕ ਭਾਵ ਆਖਰੀ ਸਿਰੇ ਦੇ ਪਿੰਡਾਂ ਤੱਕ ਪਹੁੰਚਾਇਆ ਹੈ।"

ਸਰਦਾਰ ਦਵਿੰਦਰਜੀਤ ਸਿੰਘ ਲਾਡੀ ਢੋਸ, ਐਮ.ਐਲ.ਏ ਧੰਨਵਾਦ ਮਤਾ ਪੇਸ਼ ਕਰਦੇ ਹੋਏ 08 ਮਿੰਟਾਂ ਲਈ ਬੋਲੇ।

ਨਿਮਨਲਿਖਤ ਮੈਂਬਰਾਂ ਨੇ ਉਪਰੋਕਤ ਧੰਨਵਾਦ ਮਤੇ ਤੇ ਹੋਈ ਬਹਿਸ ਵਿੱਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | |
|---|---|
| 1. ਸ਼੍ਰੀ ਬਰਿੰਦਰ ਕੁਮਾਰ ਗੋਇਲ, ਜਲ ਸਰੋਤ ਮੰਤਰੀ | 22 ਮਿੰਟ |
| 2. ਰਾਣਾ ਇੰਦਰ ਪ੍ਰਤਾਪ ਸਿੰਘ, ਅਜ਼ਾਦ | 05 ਮਿੰਟ |
| 3. ਸਰਦਾਰ ਲਖਬੀਰ ਸਿੰਘ ਰਾਏ, ਆਮ ਆਦਮੀ ਪਾਰਟੀ | 05 ਮਿੰਟ |
| 4. ਸਰਦਾਰ ਜਗਦੀਪ ਸਿੰਘ ਕਾਕਾ ਬਰਾੜ, ਆਮ ਆਦਮੀ ਪਾਰਟੀ | 06 ਮਿੰਟ |
| 5. ਸ਼੍ਰੀ ਨਰਿੰਦਰਪਾਲ ਸਿੰਘ ਸਵਨਾ, ਆਮ ਆਦਮੀ ਪਾਰਟੀ | 05 ਮਿੰਟ |
| 6. ਸਰਦਾਰ ਮਨਜਿੰਦਰ ਸਿੰਘ ਲਾਲਪੁਰਾ, ਆਮ ਆਦਮੀ ਪਾਰਟੀ | 06 ਮਿੰਟ |
| 7. ਸਰਦਾਰ ਮਨਵਿੰਦਰ ਸਿੰਘ ਗਿਆਸਪੁਰਾ, ਆਮ ਆਦਮੀ ਪਾਰਟੀ | 04 ਮਿੰਟ |
| 8. ਸ਼੍ਰੀ ਨਰੇਸ਼ ਕਟਾਰੀਆ, ਆਮ ਆਦਮੀ ਪਾਰਟੀ | 03 ਮਿੰਟ |
| 9. ਸਰਦਾਰ ਹਰਜੋਤ ਸਿੰਘ ਬੈਂਸ, ਸਿੱਖਿਆ ਮੰਤਰੀ | 02 ਮਿੰਟ |

## 9. ਮਾਣਯੋਗ ਸਪੀਕਰ/ਮਾਣਯੋਗ ਡਿਪਟੀ ਸਪੀਕਰ ਵੱਲੋਂ ਸਵਾਗਤੀ ਐਲਾਨ

ਮਾਣਯੋਗ ਸਪੀਕਰ ਵੱਲੋਂ ਵੱਖ-ਵੱਖ ਸਮੇਂ ਤੇ ਨਿਮਨਲਿਖਤ/ਸਖਸ਼ੀਅਤਾਂ ਦੇ ਹਾਜ਼ਰ ਹੋਣ ਬਾਰੇ ਸਦਨ ਨੂੰ ਜਾਣੂੰ ਕਰਵਾਇਆ ਗਿਆ ਅਤੇ ਸਮੂਹ ਸਦਨ ਵੱਲੋਂ ਉਨ੍ਹਾਂ ਨੂੰ ਜੀ ਆਇਆਂ ਆਖਿਆ ਗਿਆ-

1. ਵਾਹਿਗੁਰੂ ਸਿਮਰਨ ਕੇਂਦਰ, ਕੋਟਕਪੂਰਾ, ਜ਼ਿਲ੍ਹਾ ਫਰੀਦਕੋਟ ਦੀਆਂ ਸਤਿਕਾਰਯੋਗ ਭੈਣਾਂ ਅਤੇ ਬੱਚੀਆਂ;
2. ਮੁੱਖ ਸੇਵਾਦਾਰ ਸੰਤ ਸੁਰਿੰਦਰ ਦਾਸ ਜੀ, ਸ਼੍ਰੀ ਚਰਨਛੋਹ ਗੰਗਾ ਗੁਰਦੁਆਰਾ, ਖੁਰਾਲਗੜ੍ਹ ਸਾਹਿਬ, ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ;
3. ਸਰਦਾਰ ਤਨਮਨਜੀਤ ਸਿੰਘ ਢੇਸੀ, ਚੇਅਰਮੈਨ ਯੂ.ਕੇ ਪਾਰਲੀਮੈਂਟ ਡਿਫੈਂਸ ਕਮੇਟੀ;
4. ਸ਼੍ਰੀ ਜਗਦੀਪ ਸਿੰਘ ਦਿਓ, ਡਿਪਟੀ ਚੀਫ਼ ਮਨਿਸਟਰ ਆਫ਼ ਪੇਨਾਗ, ਮਲੇਸ਼ੀਆ ਅਤੇ ਉਨ੍ਹਾਂ ਦੇ ਵਫ਼ਦ ਸਮੇਤ (ਗਵਰਨਰ ਬਾਕਸ ਵਿੱਚ ਮੌਜੂਦ);
5. ਸ਼੍ਰੀ ਜਰਨੈਲ ਘੁਮਾਣ, ਮਿਊਜ਼ਿਕ ਪ੍ਰੋਡਿਊਸਰ ਅਤੇ ਗੀਤਕਾਰ (ਗਵਰਨਰ ਬਾਕਸ ਵਿੱਚ ਮੌਜੂਦ);
6. ਸਰਕਾਰੀ ਹਾਈ ਸਕੂਲ ਢੈਪਈ, ਪਿੰਡ ਢੈਪਈ, ਤਹਿਸੀਲ ਕੋਟਕਪੂਰਾ, ਜ਼ਿਲ੍ਹਾ ਫ਼ਰੀਦਕੋਟ ਦੇ ਵਿਦਿਆਰਥੀ ਅਤੇ ਟੀਚਰ;
7. ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ, ਮਮਦੋਟ, ਜ਼ਿਲ੍ਹਾ ਫ਼ਰੀਦਕੋਟ ਦੇ ਵਿਦਿਆਰਥੀ ਅਤੇ ਟੀਚਰ;
8. ਭਗਵਾਨ ਮਹਾਂਵੀਰ ਸੀਨੀਅਰ ਸੈਕੰਡਰੀ ਸਕੂਲ, ਰਾਏਕੋਟ, ਜ਼ਿਲ੍ਹਾ ਲੁਧਿਆਣਾ ਦੇ ਵਿਦਿਆਰਥੀ ਅਤੇ ਟੀਚਰ;

**9.** ਗੁਰੂ ਨਾਨਕ ਖਾਲਸਾ ਸੀਨੀਅਰ ਸੈਕੰਡਰੀ ਸਕੂਲ, ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਦੇ ਵਿਦਿਆਰਥੀ;

**10.** ਲੋਰੈਂਸ ਇੰਟਰਨੈਸ਼ਨਲ ਸਕੂਲ, ਤਾਰਾਗੜ੍ਹ, ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਦੇ ਵਿਦਿਆਰਥੀ;

**11.** ਦੇਸ਼ ਭਗਤ ਕਾਲਜ, ਪਿੰਡ ਬਰੜਵਾਲ, ਤਹਿਸੀਲ ਧੂਰੀ, ਜ਼ਿਲ੍ਹਾ ਸੰਗਰੂਰ ਦੇ ਵਿਦਿਆਰਥੀ;

**12.** ਵੈਸਟ ਪੁਆਇੰਟ ਸਕੂਲ, ਪਿੰਡ ਸੰਧਵਾਂ (ਕੋਟਕਪੂਰਾ) ਜ਼ਿਲ੍ਹਾ ਫਰੀਦਕੋਟ ਦੇ ਵਿਦਿਆਰਥੀ ਅਤੇ ਟੀਚਰ;

**10. ਵਾਕ ਆਊਟ**

ਰਾਣਾ ਇੰਦਰ ਪ੍ਰਤਾਪ ਸਿੰਘ, ਆਜ਼ਾਦ ਮੈਂਬਰ ਬਿਲ ਤੇ ਬੋਲਣ ਦਾ ਮੌਕਾ ਨਾ ਦੇਣ ਦੇ ਰੋਸ ਵਜੋਂ ਸਦਨ ਵਿੱਚੋਂ ਵਾਕ ਆਊਟ ਕਰ ਗਏ।

**11. ਸਦਨ ਦਾ ਸਮਾਂ ਵਧਾਉਣ ਸਬੰਧੀ**

ਮਾਣਯੋਗ ਸਪੀਕਰ ਵੱਲੋਂ ਸਦਨ ਦੀ ਸਹਿਮਤੀ ਲੈਣ ਉਪਰੰਤ ਸਦਨ ਦਾ ਸਮਾਂ ਕਾਰਜ-ਸੂਚੀ ਵਿੱਚ ਦਰਜ ਕੰਮਕਾਰ ਦੇ ਖਤਮ ਹੋਣ ਤੱਕ ਵਧਾਇਆ ਗਿਆ।

ਮਾਣਯੋਗ ਡਿਪਟੀ ਸਪੀਕਰ ਨੇ 12.14 ਵਜੇ (ਬਾ.ਦੁ) ਤੋਂ 12.44 ਵਜੇ (ਬਾ.ਦੁ) ਤੱਕ, 01.54 ਵਜੇ (ਬਾ.ਦੁ) ਤੋਂ 02.59 ਵਜੇ (ਬਾ.ਦੁ) ਤੱਕ ਅਤੇ 03.51 ਵਜੇ (ਬਾ.ਦੁ) ਤੋਂ 04.33 ਵਜੇ ਸ਼ਾਮ ਤੱਕ ਸਦਨ ਦੀ ਕੁਰਸੀ ਸੰਭਾਲੀ।

ਉਪਰੰਤ, ਸਦਨ ਅਣਮਿੱਥੇ ਸਮੇਂ ਲਈ ਸਥੱਗਿਤ ਹੋ ਗਿਆ।

**ਚੰਡੀਗੜ੍ਹ** **ਰਾਮ ਲੋਕ ਖਟਾਣਾ**

**12 ਅਗਸਤ, 2026** **ਸਕੱਤਰ**